# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 01-04-2025**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ -ਭਾਰਤੀ ਰਿਜ਼ਰਵ ਬੈਂਕ ਨੇ ਦੇਸ਼ ਦੇ ਅਦਾਇਗੀ ਬੁਨਿਆਦੀ ਢਾਂਚੇ ਨੂੰ ਆਧੁਨਿਕ ਬਣਾ ਕੇ, ਭਾਰਤ ਨੂੰ ਡਿਜੀਟਲ ਅਦਾਇਗੀਆਂ 'ਚ ਇੱਕ ਆਲਮੀ ਆਗੂ ਬਣਾਉਣ ਵਿੱਚ ਮੁੱਖ ਭੂਮਿਕਾ ਨਿਭਾਈ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਲਈ ਅਧਿਆਪਕਾਂ ਨੂੰ, 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਚ ਮੁੱਖ ਭੂਮਿਕਾ ਨਿਭਾਉਣ ਦਾ ਦਿੱਤਾ ਸੱਦਾ ।
- ਪੰਜਾਬ ਆਬਕਾਰੀ ਅਤੇ ਕਰ ਵਿਭਾਗ ਨੇ ਵਿੱਤੀ ਸਾਲ 2024-25 ਲਈ, 10 ਹਜ਼ਾਰ 743 ਕਰੋੜ ਰੁਪਏ ਤੋਂ ਵੱਧ ਦਾ ਰਿਕਾਰਡ ਤੋੜ ਆਬਕਾਰੀ ਮਾਲੀਆ ਪ੍ਰਾਪਤ ਕੀਤਾ।

- ਭਾਰਤੀ ਮਹਿਲਾ ਹਾਕੀ ਦੀ ਉੱਘੀ ਖਿਡਾਰਨ ਵੰਦਨਾ ਕਟਾਰੀਆ ਵਲੋਂ ਅੰਤਰ-ਰਾਸ਼ਟਰੀ ਹਾਕੀ ਤੋਂ ਸੰਨਿਆਸ ਲੈਣ ਦਾ ਐਲਾਨ।

-------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਭਾਰਤੀ ਰਿਜ਼ਰਵ ਬੈਂਕ RBI ਨੇ ਦੇਸ਼ ਦੇ ਅਦਾਇਗੀ ਬੁਨਿਆਦੀ ਢਾਂਚੇ ਨੂੰ ਲਗਾਤਾਰ ਆਧੁਨਿਕ ਬਣਾ ਕੇ ਅਤੇ ਫਿਨਟੈਕ ਈਕੋਸਿਸਟਮ ਨੂੰ ਬੇਹਤਰ ਕਰਕੇ ਭਾਰਤ ਨੂੰ ਡਿਜੀਟਲ ਅਦਾਇਗੀਆਂ ਵਿੱਚ ਇੱਕ ਆਲਮੀ ਆਗੂ  ਬਣਾਉਣ ਵਿੱਚ ਮੁੱਖ ਭੂਮਿਕਾ ਨਿਭਾਈ ਏ। ਅੱਜ ਮੁੰਬਈ ਵਿੱਚ RBI ਦੇ 90ਵੇਂ ਸਾਲ ਦੇ ਸਮਾਪਤੀ ਸਮਾਗਮ  ਵਿੱਚ ਬੋਲਦੇ ਹੋਏ, ਰਾਸ਼ਟਰਪਤੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪਿਛਲੇ ਨੌਂ ਦਹਾਕਿਆਂ ਵਿੱਚ ਕੇਂਦਰੀ ਬੈਂਕ ਦੀ ਸ਼ਾਨਦਾਰ ਯਾਤਰਾ ਸਰਕਾਰ ਦੇ ਦ੍ਰਿਸ਼ਟੀਕੋਣ ਅਤੇ ਨੀਤੀਆਂ ਨਾਲ ਮੇਲ ਖਾਂਦੀ ਏ।

-------------------------------------------------------

ਭਾਰਤ ਅਤੇ ਚਿਲੀ ਨੇ ਅੱਜ ਆਫ਼ਤ ਪ੍ਰਬੰਧਨ ਅਤੇ ਸੱਭਿਆਚਾਰਕ ਅਦਾਨ-ਪ੍ਰਦਾਨ ਵਿੱਚ ਸਹਿਯੋਗ ਲਈ ਸਮਝੌਤਿਆਂ ਦਾ ਅਦਾਨ-ਪ੍ਰਦਾਨ ਕੀਤਾ। ਪ੍ਰਧਾਨ ਨਰੇਂਦਰ ਮੋਦੀ ਮੰਤਰੀ ਨੇ ਅੱਜ ਨਵੀਂ ਦਿੱਲੀ ਵਿੱਚ ਚਿਲੀ

ਦੇ ਰਾਸ਼ਟਰਪਤੀ ਗੈਬਰੀਅਲ ਬੋਰਿਕ ਫੌਂਟ ਨਾਲ ਭਾਰਤ-ਚਿਲੀ ਸਬੰਧਾਂ ਦੇ ਸਾਰੇ ਪਹਿਲੂਆਂ 'ਤੇ ਗੱਲਬਾਤ ਕੀਤੀ। ਸ੍ਰੀ ਮੋਦੀ ਨੇ ਵਿਸ਼ੇਸ਼ ਮਹਿਮਾਨ ਦੇ ਸਨਮਾਨ ਵਿੱਚ ਦੁਪਹਿਰ ਦੇ ਖਾਣੇ ਦੀ ਮੇਜ਼ਬਾਨੀ ਵੀ ਕੀਤੀ।ਇੱਕ ਸਾਂਝੀ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ੍ਰੀ ਮੋਦੀ ਨੇ ਕਿਹਾ ਕਿ ਅੱਜ ਦੀ ਗੱਲਬਾਤ ਵਿੱਚ, ਆਉਣ ਵਾਲੇ ਦਹਾਕੇ ਵਿੱਚ ਸਹਯੋਗ ਵਧਾਉਣ ਲਈ, ਕਈ ਨਵੀਆਂ ਪਹਿਲਕਦਮੀਆਂ ਦੀ ਪਛਾਣ ਕੀਤੀ ਗਈ ਏ ।

BYTE:

---------------------------------------------------------

ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਕੌਮਾਂਤਰੀ ਬਾਜ਼ਾਰ ਵਿੱਚ ਖਾਦਾਂ ਦੀਆਂ ਵਧਦੀਆਂ ਕੀਮਤਾਂ ਦੇ ਬਾਵਜੂਦ, ਸਰਕਾਰ ਕਿਸਾਨਾਂ ਨੂੰ ਸਸਤੀਆਂ ਕੀਮਤਾਂ 'ਤੇ ਖਾਦਾਂ ਮੁਹੱਈਆ ਕਰਵਾ ਰਹੀ ਏ । ਉਨ੍ਹਾਂ ਕਿਹਾ ਕਿ ਖੇਤੀਬਾੜੀ ਉਤਪਾਦਨ ਲਈ ਖਾਦ ਇੱਕ ਜ਼ਰੂਰੀ ਤੱਤ ਏ ਅਤੇ ਸਰਕਾਰ ਨੇ, ਖਾਦ ਦੀਆਂ ਵਧਦੀਆਂ ਕੀਮਤਾਂ ਨੂੰ ਰੋਕਣ ਲਈ ਕਈ ਕਦਮ ਚੁੱਕੇ ਏ ।

BYTE:

----------------------------------------------------------------

ਪੰਜਾਬ ਵਿਚੋਂ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਸਮੂਹ ਭਾਈਵਾਲਾਂ ਨੂੰ ਅੱਗੇ ਆਉਣ ਦਾ ਸੱਦਾ ਦਿੰਦਿਆਂ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਇਸ ਨੇਕ ਕਾਰਜ ਵਿੱਚ ਸਫ਼ਲਤਾ ਹਾਸਲ ਕਰਨ ਲਈ, ਨਸ਼ਿਆਂ ਵਿਰੁੱਧ ਜੰਗ ਨੂੰ ਲੋਕ ਲਹਿਰ ਵਿੱਚ ਬਦਲਣ ਦੀ ਲੋੜ ਏ। ਓਹਨਾ ਨੇ ਕਿਹਾ ਕਿ ਇਸ ਟੀਚੇ ਨੂੰ ਧਿਆਨ ਵਿੱਚ ਰੱਖਦੇ ਹੋਏ, 3 ਅਪ੍ਰੈਲ ਤੋਂ 8 ਅਪ੍ਰੈਲ, 2025 ਤੱਕ ਗੁਰਦਾਸਪੁਰ ਅਤੇ ਸ੍ਰੀ ਅੰਮ੍ਰਿਤਸਰ ਸਾਹਿਬ ਜ਼ਿਲ੍ਹਿਆਂ ਵਿੱਚ ਨਸ਼ਿਆਂ ਵਿਰੁੱਧ ਪੈਦਲ ਯਾਤਰਾ ਕੱਢੀ ਜਾਵੇਗੀ। ਇਸ ਪੈਦਲ ਯਾਤਰਾ ਨੂੰ ਸੂਬਾ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਿਆਂ ਵਿਰੁੱਧ ਜੰਗ ਦੇ ਯਤਨਾਂ ਦਾ ਹਿੱਸਾ ਦੱਸਦਿਆਂ ਸ੍ਰੀ ਕਟਾਰੀਆ ਨੇ ਕਿਹਾ ਕਿ ਜਦੋਂ ਸਮਾਜ ਦੇ ਸਾਰੇ ਵਰਗ ਮਿਲ ਕੇ ਯਤਨ ਕਰਨਗੇ ਤਾਂ ਉਹ ਸਮਾਂ ਦੂਰ ਨਹੀਂ, ਜਦੋਂ ਪੰਜਾਬ ਦੀ ਪਵਿੱਤਰ ਧਰਤੀ ਤੋਂ ਨਸ਼ਿਆਂ ਦਾ ਮੁਕੰਮਲ ਖ਼ਾਤਮਾ ਹੋ ਜਾਵੇਗਾ।

BYTE:

-------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਦੀ ਪਾਰਦਰਸ਼ੀ ਭਰਤੀ ਪ੍ਰਕਿਰਿਆ ਨਾਲ ਸਰਕਾਰ ਪ੍ਰਤੀ ਨੌਜਵਾਨਾਂ ਦੀ ਭਰੋਸੇਯੋਗਤਾ ਵਧੀ ਏ, ਜਿਸ ਕਰਕੇ ਹੁਣ ਉਹ ਵਿਦੇਸ਼ ਜਾਣ ਦਾ ਵਿਚਾਰ ਤਿਆਗ ਕੇ ਸਰਕਾਰੀ ਨੌਕਰੀ ਲਈ ਤਿਆਰੀ ਕਰ ਰਹੇ ਨੇ ।ਉਨ੍ਹਾਂ ਕਿਹਾ ਕਿ ਇਹ ਗੱਲ ਰਿਕਾਰਡ 'ਤੇ ਏ ਕਿ ਵਿਦੇਸ਼ ਜਾਣ ਦੇ ਪੁਰਾਣੇ ਰੁਝਾਨ ਦੇ ਉਲਟ ਸੂਬੇ ਦੇ ਵਿਦਿਅਕ ਅਦਾਰਿਆਂ ਵਿੱਚ ਨੌਜਵਾਨਾਂ ਦੇ ਦਾਖਲਿਆਂ ਵਿੱਚ ਭਾਰੀ ਵਾਧਾ ਹੋ ਰਿਹਾ ਏ । ਅੱਜ ਇਕ ਵਿਸ਼ੇਸ਼ ਪ੍ਰੋਗਰਾਮ ਵਿਚ 700 ਤੋਂ ਵੱਧ ਅਧਿਆਪਕਾਂ ਨੂੰ ਨਿਯੁਕਤੀ ਪੱਤਰ ਸੌਂਪਣ ਮੌਕੇ ਸੰਬੋਧਨ ਕਰਦਿਆਂ ਓਹਨਾ ਆਸ ਪ੍ਰਗਟਾਈ ਕਿ ਇਹ ਅਧਿਆਪਕ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਉਣਗੇ।ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਅਧਿਆਪਕਾਂ ਨੂੰ ਵਿਦੇਸ਼ਾਂ ਅਤੇ ਇੱਥੋਂ ਤੱਕ ਕਿ ਵੱਕਾਰੀ ਕੌਮੀ ਸੰਸਥਾਵਾਂ ਵਿੱਚ ਸਿਖਲਾਈ ਲਈ ਭੇਜ ਰਹੀ ਏ, ਤਾਂ ਜੋ ਉਨ੍ਹਾਂ ਦੇ ਅਧਿਆਪਨ ਦੇ ਹੁਨਰ ਨੂੰ ਨਿਖਾਰਿਆ ਜਾ ਸਕੇ। ਉਨ੍ਹਾਂ ਕਿਹਾ ਕਿ ਸਿਖਲਾਈ-ਯਾਫਤਾ ਸਟਾਫ ਨੇ, ਸੂਬੇ ਦੇ ਸਰਕਾਰੀ ਸਕੂਲਾਂ

ਵਿੱਚ ਦਾਖਲੇ ਦੀ ਦਰ ਵਧਾਉਣ ਵਿੱਚ ਮਦਦ ਕੀਤੀ ਏ। ਉਨ੍ਹਾਂ ਕਿਹਾ ਕਿ ਪੰਜਾਬ 'ਸਿੱਖਿਆ ਕ੍ਰਾਂਤੀ' ਦਾ ਮੋਹਰੀ ਬਣ ਰਿਹਾ ਏ ਕਿਉਂਕਿ ਸੂਬਾ ਸਰਕਾਰ ਨੇ ਇਸ 'ਤੇ ਵੱਧ ਜ਼ੋਰ ਦਿੱਤਾ ਹੋਇਆ ਏ । ਵਿਦਿਆਰਥੀਆਂ ਨੂੰ ਨਸ਼ਿਆਂ ਦੀ ਸਮੱਸਿਆ ਬਾਰੇ ਜਾਗਰੂਕ ਕਰਨ ਲਈ ਅਧਿਆਪਕਾਂ ਨੂੰ, 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਚ ਮੁੱਖ ਭੂਮਿਕਾ ਨਿਭਾਉਣ ਦਾ ਸੱਦਾ ਦਿੰਦੇ ਹੋਏ, ਮੁੱਖ ਮੰਤਰੀ ਨੇ ਕਿਹਾ ਕਿ ਅਧਿਆਪਕ ਰਾਸ਼ਟਰ ਨਿਰਮਾਤਾ ਨੇ ਅਤੇ ਉਨ੍ਹਾਂ ਨੂੰ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਲੜਨ ਲਈ ਆਪਣੀ ਬੇਅੰਤ ਊਰਜਾ ਲਾਉਣ ਲਈ ਪ੍ਰੇਰਿਤ ਕਰਨਾ ਚਾਹੀਦਾ ਏ।

---

ਪੰਜਾਬ ਦੇ ਵਿੱਤ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਐਲਾਨ ਕੀਤਾ ਏ ਕਿ ਸੂਬੇ ਦੇ ਆਬਕਾਰੀ ਅਤੇ ਕਰ ਵਿਭਾਗ ਨੇ ਵਿੱਤੀ ਸਾਲ 2024-25 ਲਈ 10 ਹਜ਼ਾਰ 743 ਕਰੋੜ 72 ਲਖ ਰੁਪਏ ਦਾ ਰਿਕਾਰਡ ਤੋੜ ਆਬਕਾਰੀ ਮਾਲੀਆ ਪ੍ਰਾਪਤ ਕੀਤਾ ।ਉਨ੍ਹਾਂ ਕਿਹਾ ਕਿ ਪਿਛਲੇ ਵਿੱਤੀ ਸਾਲ ਦੇ ਮੁਕਾਬਲੇ 16.36 ਫੀਸਦੀ ਦੀ

ਪ੍ਰਭਾਵਸ਼ਾਲੀ ਸਾਲਾਨਾ ਵਾਧਾ ਦਰ ਹਾਸਿਲ ਕੀਤੀ ਏ । ਉਨ੍ਹਾਂ ਕਿਹਾ ਕਿ ਵਿੱਤੀ ਸਾਲ 2024-25 ਦੌਰਾਨ ਵੈਟ, ਸੀ.ਐਸ.ਟੀ, ਜੀ.ਐਸ.ਟੀ, ਪੀ.ਐਸ.ਡੀ.ਟੀ ਅਤੇ ਆਬਕਾਰੀ ਤੋਂ ਸੂਬੇ ਦਾ ਕੁੱਲ ਮਾਲੀਆ ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ 40 ਹਜ਼ਾਰ ਕਰੋੜ ਰੁਪਏ ਦੀ ਸੀਮਾ ਨੂੰ ਪਾਰ ਕਰਦੇ 12.47 ਫੀਸਦੀ ਵਾਧਾ ਦਰ ਨਾਲ 42 ਹਜ਼ਾਰ 289 ਕਰੋੜ 97 ਲਖ ਰੁਪਏ ਰਿਹਾ। ਉਨ੍ਹਾਂ ਕਿਹਾ ਕਿ ਇਹ ਪਹਿਲੀ ਵਾਰ ਏ ਜਦੋਂ ਸੂਬੇ ਨੇ ਆਬਕਾਰੀ ਮਾਲੀਏ ਵਿੱਚ ਪੰਜ ਅੰਕਾਂ ਦਾ ਅੰਕੜਾ ਪਾਰ ਕੀਤਾ ਏ।

-------------------------------------------------------

ਮੋਹਾਲੀ ਦੀ ਅਦਾਲਤ ਨੇ ਸਾਲ 2018 'ਚ ਜੀਰਕਪੁਰ ਵਿਚ ਦਰਜ ਜਬਰ ਜਨਾਹ ਦੇ ਇਕ ਮਾਮਲੇ ਵਿੱਚ ਫ਼ੈਸਲਾ ਦਿੰਦਿਆਂ, ਪਾਸਟਰ ਬਜਿੰਦਰ ਸਿੰਘ ਨੂੰ ਉਮਰ ਕੈਦ ਦੀ ਸਜਾ ਸੁਣਾਈ ਏ ।ਇਸ ਮਾਮਲੇ ਵਿਚ ਇਕ ਮਹਿਲਾ ਨੇ ਜ਼ੀਰਕਪੁਰ ਪੁਲਿਸ ਸਟੇਸ਼ਨ ਵਿਚ ਇਸ ਬਾਰੇ ਸ਼ਿਕਾਤ ਦਰਜ ਕਰਵਾਈ ਸੀ ।ਬਜਿੰਦਰ ਸਿੰਘ ਨੂੰ 28 ਮਾਰਚ ਨੂੰ ਮੁਹਾਲੀ ਦੇ ਵਧੀਕ ਜ਼ਿਲ੍ਹਾ ਤੇ ਸ਼ੈਸ਼ਨ ਜੱਜ ਵਿਕਰਾਂਤ ਕੁਮਾਰ ਨੇ ਦੋਸ਼ੀ ਕਰਾਰ ਦਿੱਤਾ

ਸੀ ।ਪੀੜਿਤ ਮਹਿਲਾ ਦੇ ਵਕੀਲ ਅਨਿਲ ਸਾਗਰ ਮੁਤਾਬਿਕ ਪਾਸਟਰ ਆਖਰੀ ਸਾਹਾਂ ਤੱਕ ਜੇਲ੍ਹ ਵਿੱਚ ਰਹੇਗਾ।

----------------------------------------------------------

ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਮੀਡੀਆ ਰਿਪੋਰਟ ਮੁਤਾਬਕ ਪਟਿਆਲਾ ਵਿੱਚ 12 ਸਾਲਾ ਲੜਕੀ ਨਾਲ ਹੋਏ ਜਿਨਸੀ ਸ਼ੋਸ਼ਣ ਦੀ ਸਖ਼ਤ ਨਿੰਦਾ ਕਰਦਿਆਂ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੂੰ ਤੁਰੰਤ ਅਤੇ ਮੁਕੰਮਲ ਜਾਂਚ ਨੂੰ ਯਕੀਨੀ ਬਣਾਉਣ ਦੀ ਅਪੀਲ ਕੀਤੀ ਏ ਤਾਂ ਜੋ ਦੋਸ਼ੀ ਨੂੰ ਬਿਨਾਂ ਦੇਰੀ ਤੋਂ ਨਿਆਂ ਦੇ ਕਟਹਿਰੇ ਵਿੱਚ ਲਿਆਂਦਾ ਜਾ ਸਕੇ। ਓਹਨਾ ਕਿਹਾ ਕੇ ਨਿਆਂ ਨੂੰ ਯਕੀਨੀ ਬਣਾਉਣ ਲਈ ਕਮਿਸ਼ਨ ਵੱਲੋਂ ਇਸ ਮਾਮਲੇ ਦੀ ਕਾਰਵਾਈ ਤੇ ਨੇੜਿਓਂ ਨਜ਼ਰ ਰੱਖੀ ਜਾਵੇਗੀ। ਇਸ ਤੋਂ ਇਲਾਵਾ, ਕਮਿਸ਼ਨ ਸਥਾਨਕ ਅਧਿਕਾਰੀਆਂ ਨਾਲ ਤਾਲਮੇਲ ਕਰ ਰਿਹਾ ਏ ਤਾਂ ਜੋ ਪੀੜਤ ਨੂੰ ਲੋੜੀਂਦੀ ਡਾਕਟਰੀ ਸਹਾਇਤਾ, ਮਨੋਵਿਗਿਆਨਕ ਅਤੇ ਕਾਨੂੰਨੀ ਸਹਾਇਤਾ ਪ੍ਰਦਾਨ ਕੀਤੀ ਜਾ ਸਕੇ।ਇਸ ਤੋਂ ਇਲਾਵਾ, ਕਮਿਸ਼ਨ ਨੇ ਸਿਫ਼ਾਰਸ਼ ਕੀਤੀ ਏ ਕਿ ਸਕੂਲੀ ਵਾਹਨਾਂ ਨੂੰ

ਚਲਾਉਣ ਵਾਲੇ ਸਾਰੇ ਡਰਾਈਵਰਾਂ ਦੀ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪੁਲਿਸ ਤਸਦੀਕ ਲਾਜ਼ਮੀ ਏ। ਓਹਨਾ ਕਿਹਾ ਕਿ ਵਿਦਿਆਰਥੀਆਂ ਦੀ ਆਵਾਜਾਈ ਲਈ ਵਰਤੇ ਜਾਣ ਵਾਲੇ ਸਾਰੇ ਵਾਹਨਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾਵੇ, ਓਹਨਾ ਵਿਚ ਜੀ.ਪੀ.ਐਸ ਟਰੈਕਿੰਗ ਸਿਸਟਮ ਲਗਾਇਆ ਜਾਵੇ ਅਤੇ ਸੁਚੱਜੇ ਢੰਗ ਨਾਲ ਦਸਤਾਵੇਜ਼ੀਕਰਨ ਕੀਤਾ ਜਾਵੇ।

---------------------------------------------------------------

ਪੰਜਾਬ ਵਿੱਚ, ਇਮੀਗ੍ਰੇਸ਼ਨ ਸੈਕਟਰ ਵਿੱਚ ਧੋਖਾਧੜੀ ਦੇ ਅਮਲਾਂ ਨੂੰ ਰੋਕਣ ਅਤੇ ਨਿਵਾਸੀਆਂ ਨੂੰ ਵਿਦੇਸ਼ ਜਾਣ ਲਈ ਜਾਇਜ਼ ਅਤੇ ਪਾਰਦਰਸ਼ੀ ਸੇਵਾਵਾਂ ਪ੍ਰਾਪਤ ਹੋਣ ਨੂੰ ਯਕੀਨੀ ਬਣਾਉਣ ਲਈ, ਸਰਕਾਰ ਨੇ ਅਣ-ਅਧਿਕਾਰਤ ਇਮੀਗ੍ਰੇਸ਼ਨ ਫਰਮਾਂ ਖਿਲਾਫ ਕਾਰਵਾਈ ਕਰਨੀ ਸ਼ੁਰੂ ਕਰ ਦਿੱਤੀ ਏ।ਜਲੰਧਰ ਦੇ ਡਿਪਟੀ ਕਮਿਸ਼ਨਰ ਡਾ: ਹਿਮਾਂਸ਼ੂ ਅਗਰਵਾਲ ਨੇ ਸਖ਼ਤ ਕਾਰਵਾਈ ਕਰਦੇ ਹੋਏ ਅਜਿਹੀਆਂ 50 ਫਰਮਾਂ ਦੇ ਲਾਇਸੈਂਸ ਰੱਦ ਕਰ ਦਿੱਤੇ ਨੇ, ਜੋ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਜਾਣ ਦੇ ਬਾਵਜੂਦ, ਆਪਣੇ ਲਾਇਸੈਂਸਾਂ ਨੂੰ ਨਵਿਆਉਣ ਵਿੱਚ ਅਸਫਲ ਰਹੇ ਹਨ।ਜਨਤਕ

ਜਾਗਰੂਕਤਾ ਲਈ ਇਨ੍ਹਾਂ ਫਰਮਾਂ ਦੀ ਸੂਚੀ ਵੀ ਜਾਰੀ ਕੀਤੀ ਗਈ ਏ । ਉਨ੍ਹਾਂ ਨੇ ਲੋਕਾਂ ਨੂੰ ਵਿਦੇਸ਼ ਭੇਜਣ ਦੇ ਗੈਰ-ਕਾਨੂੰਨੀ ਅਭਿਆਸਾਂ ਵਿੱਚ ਸ਼ਾਮਲ ਸਾਰੇ ਲੋਕਾਂ ਖਿਲਾਫ ਸਖ਼ਤ ਕਾਰਵਾਈ ਦੀ ਚੇਤਾਵਨੀ ਦਿੱਤੀ ਏ । ਇਸ ਦੇ ਨਾਲ ਹੀ, ਡਾ: ਅਗਰਵਾਲ ਨੇ ਵਿਦੇਸ਼ ਜਾਣ ਦੇ ਇੱਛੁਕ ਲੋਕਾਂ ਨੂੰ ਕਾਨੂੰਨੀ ਰਸਤਾ ਅਪਣਾਉਣ ਲਈ ਅਪੀਲ ਕਰਦਿਆਂ ਕਿਹਾ।

**BYTE-**

ਉਨ੍ਹਾਂ ਇਹ ਵੀ ਕਿਹਾ ਕਿ ਜਲੰਧਰ ਦੇ ਜ਼ਿਲ੍ਹਾ ਰੁਜ਼ਗਾਰ ਅਤੇ ਕਾਰੋਬਾਰ ਬਿਊਰੋ ਨੇ, ਵਿਦੇਸ਼ਾਂ ਵਿੱਚ ਰੁਜ਼ਗਾਰ ਦੀ ਭਾਲ ਕਰਨ ਵਾਲਿਆਂ ਲਈ, ਇੱਕ ਪ੍ਰੀ-ਡਿਪਾਰਚਰ ਓਰੀਐਂਟੇਸ਼ਨ ਸਿਖਲਾਈ ਪ੍ਰੋਗਰਾਮ ਸ਼ੁਰੂ ਕੀਤਾ ਏ।

---

ਭਾਰਤੀ ਮਹਿਲਾ ਹਾਕੀ ਦੀ ਉਘੀ ਖਿਡਾਰਨ ਵੰਦਨਾ ਕਟਾਰੀਆ ਨੇ 15 ਸਾਲ ਤੋਂ ਵੱਧ ਦੇ ਸ਼ਾਨਦਾਰ ਕਰੀਅਰ ਤੋਂ ਬਾਅਦ ਅੰਤਰ-ਰਾਸ਼ਟਰੀ ਹਾਕੀ ਤੋਂ ਸੰਨਿਆਸ ਲੈਣ ਦਾ ਐਲਾਨ ਕੀਤਾ ਏ ।320 ਅੰਤਰ-ਰਾਸ਼ਟਰੀ ਮੈਚਾਂ ਅਤੇ 158 ਗੋਲਾਂ ਨਾਲ, ਵੰਦਨਾ ਭਾਰਤੀ ਮਹਿਲਾ ਹਾਕੀ ਦੇ ਇਤਿਹਾਸ ਵਿੱਚ ਸਭ ਤੋਂ ਵੱਧ ਮੈਚ ਖੇਡਣ ਵਾਲੀ ਖਿਡਾਰੀਨ ਏ ।32

ਸਾਲਾ ਵੰਦਨਾ ਨੇ ਸਾਲ 2009 ਵਿੱਚ ਸੀਨੀਅਰ ਟੀਮ ਵਿਚ ਆਪਣੀ ਸ਼ੁਰੂਆਤ ਕੀਤੀ। ਉਹ ਖੇਡ ਦੇ ਕਈ ਮਹੱਤਵਪੂਰਨ ਪਲਾਂ ਦਾ ਹਿੱਸਾ ਬਣੇ ਜਿਨ੍ਹਾਂ ਵਿਚ ਸਾਲ 2020 ਵਿਚ ਟੋਕੀਓ ਓਲੰਪਿਕ ਵਿੱਚ ਭਾਰਤ ਦੇ ਇਤਿਹਾਸਕ ਚੌਥੇ ਸਥਾਨ 'ਤੇ ਰਹਿਣ ਦਾ ਪਲ ਵੀ ਸ਼ਾਮਿਲ ਏ । ਉਹ ਇਸ ਵਿਚ ਹੈਟ੍ਰਿਕ ਬਣਾਉਣ ਵਾਲੀ ਪਹਿਲੀ ਅਤੇ ਇਕਲੌਤੀ ਭਾਰਤੀ ਮਹਿਲਾ ਬਣੇ।ਖੇਡਾਂ ਵਿੱਚ ਓਨਾ ਦੇ ਬੇਮਿਸਾਲ ਯੋਗਦਾਨ ਲਈ, ਵੰਦਨਾ ਨੂੰ ਵੱਕਾਰੀ ਅਰਜੁਨ ਪੁਰਸਕਾਰ ਅਤੇ ਪਦਮ ਸ੍ਰੀ ਨਾਲ ਸਨਮਾਨਿਤ ਕੀਤਾ ਗਿਆ ਸੀ।ਓਨਾ ਨੂੰ 2014 ਵਿੱਚ ਸਾਲ ਦੀ ਸਰਬੋਤਮ ਮਹਿਲਾ ਖਿਡਾਰੀ ਲਈ ਹਾਕੀ ਇੰਡੀਆ ਬਲਬੀਰ ਸਿੰਘ ਸੀਨੀਅਰ ਪੁਰਸਕਾਰ, ਸਾਲ 2021 ਵਿੱਚ ਸ਼ਾਨਦਾਰ ਪ੍ਰਾਪਤੀ ਲਈ ਹਾਕੀ ਇੰਡੀਆ ਪ੍ਰੈਜ਼ੀਡੈਂਟ ਅਵਾਰਡ ਅਤੇ 2021 ਅਤੇ 2022 ਵਿੱਚ ਸਾਲ ਦੇ ਸਰਬੋਤਮ ਫ਼ਾਰਵਰਡ ਲਈ ਹਾਕੀ ਇੰਡੀਆ ਧਨਰਾਜ ਪਿੱਲੇ ਅਵਾਰਡ ਨਾਲ ਵੀ ਸਨਮਾਨਿਤ ਕੀਤਾ ਗਿਆ ਸੀ।

--------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ -ਭਾਰਤੀ ਰਿਜ਼ਰਵ ਬੈਂਕ ਨੇ ਦੇਸ਼ ਦੇ ਅਦਾਇਗੀ ਬੁਨਿਆਦੀ ਢਾਂਚੇ ਨੂੰ ਆਧੁਨਿਕ ਬਣਾ ਕੇ, ਭਾਰਤ ਨੂੰ ਡਿਜੀਟਲ ਅਦਾਇਗੀਆਂ 'ਚ ਇੱਕ ਆਲਮੀ ਆਗੂ ਬਣਾਉਣ ਵਿੱਚ ਮੁੱਖ ਭੂਮਿਕਾ ਨਿਭਾਈ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਲਈ ਅਧਿਆਪਕਾਂ ਨੂੰ, 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਚ ਮੁੱਖ ਭੂਮਿਕਾ ਨਿਭਾਉਣ ਦਾ ਦਿੱਤਾ ਸੱਦਾ ।
- ਪੰਜਾਬ ਆਬਕਾਰੀ ਅਤੇ ਕਰ ਵਿਭਾਗ ਨੇ ਵਿੱਤੀ ਸਾਲ 2024-25 ਲਈ, 10 ਹਜ਼ਾਰ 743 ਕਰੋੜ ਰੁਪਏ ਤੋਂ ਵੱਧ ਦਾ ਰਿਕਾਰਡ ਤੋੜ ਆਬਕਾਰੀ ਮਾਲੀਆ ਪ੍ਰਾਪਤ ਕੀਤਾ।
- ਭਾਰਤੀ ਮਹਿਲਾ ਹਾਕੀ ਦੀ ਉੱਘੀ ਖਿਡਾਰਨ ਵੰਦਨਾ ਕਟਾਰੀਆ ਵਲੋਂ ਅੰਤਰ-ਰਾਸ਼ਟਰੀ ਹਾਕੀ ਤੋਂ ਸੰਨਿਆਸ ਲੈਣ ਦਾ ਐਲਾਨ।